◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

NEED24 NEWS
हर ख़बर, हर शहर

ਨੀਡ 24 ਨਿਊਜ਼

ਹਰ ਖ਼ਬਰ, ਹਰ ਸ਼ਹਿਰ

◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

DIGITAL E-PAPER

PRGI APPLICATION
UNDER PROCESS
Application No.
T/GJ/2026/0619/2304/1577

GST
GSTIN
24CINPG0564Q1ZT

UDYAM REGISTERED
UDYAM-GJ-14-0003714

◆ DIGITAL NEWS NETWORK ◆
ਭਾਰਤ ਦਾ ਭਰੋਸੇਮੰਦ ਬਹੁਭਾਸ਼ੀ ਡਿਜੀਟਲ ਨਿਊਜ਼ ਨੈੱਟਵਰਕ
11+ Languages | 24×7 Live | e-Paper Daily

ਸਾਡੀ App ਡਾਊਨਲੋਡ ਕਰੋ
Download on the App Store
GET IT ON Google Play

www.need24.digital
info@need24.in
+91 98700 06472
FOLLOW US:

तेज़ | सटीक | निष्पक्ष | जनहित में | सच की आवाज़ | जन-जन की आवाज़ | निडर पत्रकारिता

ਤਰਨ ਤਾਰਨ ਪੁਲਿਸ – ਅਮਨ-ਕਾਨੂੰਨ ਦੀ ਰਾਖੀ ਲਈ ਹਰ ਸਮੇਂ ਤਤਪਰ।



ਤਰਨ ਤਾਰਨ 28 ਨਵੰਬਰ (ਪ੍ਰਕਾਸ਼ ਸਿੰਘ ਜੌਹਲ)

ਤਰਨ ਤਾਰਨ ਪੁਲਿਸ ਵੱਲੋਂ ਰਾਤ ਸਮੇਂ ਜ਼ਿਲ੍ਹੇ ਭਰ ਵਿੱਚ ਵਿਸ਼ੇਸ਼ ਨਾਈਟ ਡੋਮੀਨੇਸ਼ਨ ਮੁਹਿੰਮ ਚਲਾਈ ਗਈ। ਇਸ ਦੌਰਾਨ ਪੁਲਿਸ ਟੀਮਾਂ ਵੱਲੋਂ ਵੱਖ-ਵੱਖ ਥਾਵਾਂ ’ਤੇ ਨਾਕਾਬੰਦੀ ਕਰਕੇ ਆਉਣ-ਜਾਣ ਵਾਲੇ ਵਾਹਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ ਅਤੇ ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਲਈ ਗਈ।

ਮੁਹਿੰਮ ਤਹਿਤ ਪੁਲਿਸ ਥਾਣਿਆਂ ਦੀ ਚੈਕਿੰਗ ਕਰਨ ਦੇ ਨਾਲ-ਨਾਲ ਸ਼ਰਾਰਤੀ ਅਨਸਰਾਂ ਦੀਆਂ ਗਤੀਵਿਧੀਆਂ ’ਤੇ ਨਜ਼ਰ ਰੱਖੀ ਗਈ ਅਤੇ ਕਾਨੂੰਨ ਵਿਵਸਥਾ ਨੂੰ ਭੰਗ ਕਰਨ ਵਾਲੇ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ।

— Parkash singh

ਇੰਟਰ-ਡਿਸਟ੍ਰਿਕਟ ਨਾਕੇ ਦੀ ਅਚਨਚੇਤ ਚੈਕਿੰਗ: ਤਰਨ ਤਾਰਨ ਪੁਲਿਸ



ਤਰਨ ਤਾਰਨ 28 ਨਵੰਬਰ (ਪ੍ਰਕਾਸ਼ ਸਿੰਘ ਜੌਹਲ)

ਐਸ.ਐਸ.ਪੀ. ਤਰਨ ਤਾਰਨ ਵੱਲੋਂ ਕੇ.ਪੀ.ਟੀ. ਚੌਕ, ਗੋਇੰਦਵਾਲ ਸਾਹਿਬ ਵਿਖੇ ਇੰਟਰ-ਡਿਸਟ੍ਰਿਕਟ ਪੁਲਿਸ ਨਾਕੇ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਦੌਰਾਨ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ ਅਤੇ ਨਾਕੇ ‘ਤੇ ਤਾਇਨਾਤ ਪੁਲਿਸ ਕਰਮਚਾਰੀਆਂ ਦੀ ਚੌਕਸੀ ਤੇ ਮੁਸਤੈਦੀ ਨੂੰ ਚੈੱਕ ਕੀਤਾ ਗਿਆ।

— Parkash singh

POLITICS

ਹਲਕਾ ਵਿਧਾਇਕ ਸਰਦਾਰ Harmeet Singh Sandhu ਜੀ ਅਤੇ ਚੇਅਰਮੈਨ Gurdev Singh Lakhna ਜੀ ਦੀ ਰਹਿਨੁਮਾਈ ਹੇਠ ਪਿੰਡ ਜਗਤਪੁਰਾ ਤੋਂ ਸਰਦਾਰ ਚਰਨਜੀਤ ਸਿੰਘ ਮੰਤਰੀ ਜੀ ਨੇ ਆਪਣੇ ਸੈਂਕੜੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ।



ਤਰਨ ਤਾਰਨ 28 ਨਵੰਬਰ (ਪ੍ਰਕਾਸ਼ ਸਿੰਘ ਜੌਹਲ)

ਹਲਕਾ ਵਿਧਾਇਕ ਸਰਦਾਰ Harmeet Singh Sandhu ਜੀ ਅਤੇ ਚੇਅਰਮੈਨ Gurdev Singh Lakhna ਜੀ ਦੀ ਰਹਿਨੁਮਾਈ ਹੇਠ ਪਿੰਡ ਜਗਤਪੁਰਾ ਤੋਂ ਸਰਦਾਰ ਚਰਨਜੀਤ ਸਿੰਘ ਮੰਤਰੀ ਜੀ ਨੇ ਆਪਣੇ ਸੈਂਕੜੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ।

ਇਸ ਮੌਕੇ ਨਵੇਂ ਸਾਥੀਆਂ ਦਾ ਪਾਰਟੀ ਵਿੱਚ ਪੂਰੇ ਮਾਣ-ਸਨਮਾਨ ਅਤੇ ਨਿੱਘੇ ਦਿਲ ਨਾਲ ਸਵਾਗਤ ਕਰਦਿਆਂ ਮੰਤਰੀ ਜੀ ਨੇ ਕਿਹਾ ਕਿ ਪਾਰਟੀ ਵਿੱਚ ਹਰ ਵਰਕਰ ਦੀ ਅਹਿਮੀਅਤ ਹੈ ਅਤੇ ਸਾਰੇ ਲੋਕਾਂ ਦਾ ਪਾਰਟੀ ਨਾਲ ਜੁੜਨਾ ਅਤੇ ਵਿਕਾਸ ਦੇ ਕੰਮਾਂ ਵਿੱਚ ਆਪਣਾ ਸਹਿਯੋਗ ਦੇਣਾ ਸਾਡੇ ਲਈ ਹੌਸਲੇ ਵਾਲੀ ਗੱਲ ਹੈ। ਸਾਰੇ ਨਵੇਂ ਸਾਥੀਆਂ ਨੂੰ ਜੀ ਆਇਆਂ ਨੂੰ। ਆਓ, ਮਿਲ ਕੇ ਹਲਕਾ ਤਰਨ ਤਾਰਨ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਅੱਗੇ ਵਧੀਏ। ਇਸ ਮੌਕੇ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਮਾਣਕ ਹੈ ਸਿੰਘ ਹੈਪੀ, ਗੁਰਜੀਤ ਸਿੰਘ ਸੋਨੀ ਬਾਬਾ, ਡਾਕਟਰ ਤਸਵੀਰ ਕੌਰ, ਸੁਖਦੇਵ ਸਿੰਘ, ਆਦਿ ਨੇ ਵੀ ਆਪਣੀ ਹਾਜ਼ਰੀ ਲਵਾਈ ਅਤੇ ਚਰਨਜੀਤ ਸਿੰਘ ਮੰਤਰੀ ਜੀ ਨੂੰ ਪਾਰਟੀ ਵਿੱਚ ਜੀ ਆਇਆ ਆਖਿਆ

— Parkash singh

ਖਡੂਰ ਸਾਹਿਬ ਰੈਵੀਨਿਊ ਪਟਵਾਰ ਯੂਨੀਅਨ ਤਹਿਸੀਲ ਖਡੂਰ ਸਾਹਿਬ ਦੀ ਹੋਈ ਚੋਣ ।



ਤਰਨ ਤਾਰਨ 28 ਨਵੰਬਰ (ਪ੍ਰਕਾਸ਼ ਸਿੰਘ ਜੌਹਲ)

ਅੱਜ ਦੀ ਰੈਵੀਨਿਊ ਪਟਵਾਰ ਯੂਨੀਅਨ ਤਹਿਸੀਲ ਖਡੂਰ ਸਾਹਿਬ ਦੀ ਸਾਲ 2026-2028 ਦੀ ਚੋਣ ਸ੍ਰ ਸਰਬਜੀਤ ਸਿੰਘ ਸੰਧੂ ਜਿਲਾ ਪ੍ਰਧਾਨ, ਜਨਰਲ ਸਕੱਤਰ ਸਾਹਿਬਬੀਰ ਸਿੰਘ ਜੌਹਲ , ਅਤੇ ਨੁਮਾਇੰਦਾ ਪੰਜਾਬ ਗੁਰਸਾਹਿਬ ਸਿੰਘ ਮਰਹਾਣਾ ਜੀ ਦੀ ਨਿਗਰਾਨੀ ਵਿਚ ਹੋਈ, ਚੋਣ ਸਰਬਸੰਮਤੀ ਨਾਲ ਹੋਈ, ਜਿਸ ਵਿੱਚ ਬਾਡੀ ਹੇਠ ਲਿਖੇ ਅਨੁਸਾਰ ਚੁਣੀ ਗਈ

1. ਰਵਿੰਦਰਪਾਲ ਸਿੰਘ ਪ੍ਰਧਾਨ
2. ਬਲਜਿੰਦਰ ਸਿੰਘ ਜਨਰਲ ਸਕੱਤਰ
3. ਜਸਪਾਲ ਸਿੰਘ ਖਜਾਨਚੀ
4. ਗੁਰਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ
5. ਇੰਦਰ ਸਿੰਘਸਹਾਇਕ ਜਨਰਲ ਸਕੱਤਰ
6. ਜਿਲਾ ਨੁਮਾਇੰਦਾ ਜਗਦੀਸ਼ ਸਿੰਘ ਰੰਧਾਵਾ
7. ਨੁਮਾਇੰਦਾ ਜਿਲਾ ਲਵਦੀਪ ਸਿੰਘ
8. ਨੁਮਾਇੰਦਾ ਜਿਲਾ ਅਨਿਤ ਮਲਿਕ
9. ਨੁਮਾਇੰਦਾ ਜਿਲਾ ਅੰਮ੍ਰਿਤਪਾਲ ਸਿੰਘ
10. ਨੁਮਾਇੰਦਾ ਜਿਲਾ ਸਾਹਿਲ ਰਾਏ
11. ਮੀਤ ਪ੍ਰਧਾਨ ਜਗਮੀਤ ਸਿੰਘ, ਬਲਕਾਰ ਸਿੰਘ

— Parkash singh

ਸਿਹਤ ਸੇਵਾਵਾਂ ਦੀ ਬਿਹਤਰੀ ਲਈ ਮਾਨ ਸਰਕਾਰ ਪੂਰੀ ਤਰ੍ਹਾਂ ਵਚਨਬੱਧ: ਵਿਧਾਇਕ ਬਲਕਾਰ ਸਿੱਧੂ



ਵਿਧਾਇਕ ਵੱਲੋਂ ਮਹਿਰਾਜ ਵਿਖੇ ਆਯੁਸ਼ਮਾਨ ਅਰੋਗਿਆ ਕੇਂਦਰ ਦੀ ਨਵੀਂ ਇਮਾਰਤ ਲੋਕ ਅਰਪਣ

ਬਠਿੰਡਾ/ਮਹਿਰਾਜ, 28 ਨਵੰਬਰ (ਜੀਵਨ ਬਾਂਸਲ): ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਿਹਤ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਹਲਕਾ ਰਾਮਪੁਰਾ ਦੇ ਵਿਧਾਇਕ ਸ੍ਰੀ ਬਲਕਾਰ ਸਿੱਧੂ ਨੇ ਮਹਿਰਾਜ ਵਿਖੇ ਆਯੁਸ਼ਮਾਨ ਅਰੋਗਿਆ ਕੇਂਦਰ ਦੀ ਨਵੀਂ ਇਮਾਰਤ ਲੋਕ ਅਰਪਣ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਸਿਹਤ ਵਿਭਾਗ ਦੀਆਂ ਨਵੀਆਂ ਇਮਾਰਤਾਂ ਤਿਆਰ ਕਰਵਾਈਆਂ ਜਾ ਰਹੀਆਂ ਹਨ, ਜਿੱਥੇ ਸੂਬੇ ਦੇ ਨਾਗਰਿਕਾਂ ਨੂੰ ਵੱਖ-ਵੱਖ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਵਿੱਚ ਕਿਸੇ ਵੀ ਕਿਸਮ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਮੌਕੇ ਨਗਰ ਪੰਚਾਇਤ ਮਹਿਰਾਜ ਦੇ ਪ੍ਰਧਾਨ ਸ੍ਰੀ ਰਣਯੋਧ ਸਿੰਘ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਸਿਹਤ ਬਲਾਕ ਨਥਾਣਾ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਉਮੇਸ਼ ਗੁਪਤਾ ਨੇ ਦੱਸਿਆ ਕਿ ਨਵੇਂ ਆਯੁਸ਼ਮਾਨ ਅਰੋਗਿਆ ਕੇਂਦਰ ਵਿੱਚ ਨਵਜਾਤ ਬੱਚਿਆਂ ਦਾ ਟੀਕਾਕਰਨ, ਗੈਰ-ਸੰਚਾਰੀ ਬਿਮਾਰੀਆਂ ਦੀ ਮੁੱਢਲੀ ਜਾਂਚ ਅਤੇ ਦਵਾਈਆਂ ਦੀ ਸਹੂਲਤ ਨਾਗਰਿਕਾਂ ਨੂੰ ਉਪਲਬਧ ਕਰਵਾਈ ਜਾਵੇਗੀ।

ਸਮਾਗਮ ਦੌਰਾਨ ਨਗਰ ਪੰਚਾਇਤ ਮਹਿਰਾਜ ਦੇ ਮੀਤ ਪ੍ਰਧਾਨ ਲਖਵਿੰਦਰ ਸਿੰਘ ਲੱਖਾ, ਐੱਮ.ਸੀ. ਨਵਤੇਜ ਸਿੰਘ, ਐੱਮ.ਸੀ. ਜਗਦੀਪ ਸਿੰਘ, ਐੱਮ.ਸੀ. ਪਰਮਜੀਤ ਸਿੰਘ, ਕੁਲਵੰਤ ਸਿੰਘ ਸਰਪੰਚ ਕੋਠੇ ਰੱਥੜੀਆਂ, ਬਾਬੂ ਸਿੰਘ ਸਰਪੰਚ ਕੋਠੇ ਹਿੰਮਤਪੁਰਾ, ਹਰਪ੍ਰੀਤ ਸਿੰਘ ਸਰਪੰਚ ਮਹਿਰਾਜ ਖੁਰਦ, ਲੀਲਾ ਸਿੰਘ ਪ੍ਰਧਾਨ ਸਹਿਕਾਰੀ ਸਭਾ ਪੱਤੀ ਸੌਲ, ਰੇਸ਼ਮ ਸਿੰਘ ਸੁੱਖੀ ਮੱਲੂਆਣਾ, ਬਲਵਿੰਦਰ ਸਿੰਘ ਲੱਖਾ ਪਿਪਲੀ, ਸਿਹਤ ਵਿਭਾਗ ਦੇ ਚੀਫ਼ ਫਾਰਮੇਸੀ ਅਫ਼ਸਰ ਸੁਖਮੰਦਰ ਸਿੰਘ ਸਿੱਧੂ, ਬਹੁਮੰਤਵੀ ਸਿਹਤ ਨਿਰੀਖਕ ਦਰਸ਼ਪ੍ਰੀਤ ਸਿੰਘ, ਬਲਵਿੰਦਰ ਕੌਰ, ਬਲਾਕ ਪ੍ਰਸਾਰ ਸਿੱਖਿਅਕ ਸੋਨਦੀਪ ਸਿੰਘ ਸੰਧੂ, ਬਹੁਮੰਤਵੀ ਸਿਹਤ ਕਰਮਚਾਰੀ ਹਰਦੀਪ ਸਿੰਘ, ਸਮਿਤਾ ਜੋਸ਼ੀ, ਸੀ.ਐੱਚ.ਓ. ਪ੍ਰਦੀਪ ਕੌਰ, ਵਿਭਾਗ ਦੀਆਂ ਆਸ਼ਾ ਵਰਕਰਾਂ, ਹੋਰ ਕਰਮਚਾਰੀ ਅਤੇ ਪਿੰਡ ਵਾਸੀ ਹਾਜ਼ਰ ਸਨ।

— Jiwan kumar

ਸੂਰਜੀ ਊਰਜਾ ਨਾਲ ਕਿਸਾਨਾਂ ਦੀ ਆਮਦਨ ਵਧਾਉਣ ਦੀ ਪਹਿਲਕਦਮੀ, 24 ਕਿਸਾਨਾਂ ਨੂੰ 3.08 ਲੱਖ ਰੁਪਏ ਦੀ ਪ੍ਰੋਤਸਾਹਨ ਰਾਸ਼ੀ ਵੰਡੀ



ਅੱਠ ਮਹੀਨਿਆਂ ਤੋਂ ਕਿਸਾਨ ਸਿੰਚਾਈ ਮਗਰੋਂ ਬਚਦੀ ਬਿਜਲੀ 2.50 ਰੁਪਏ ਪ੍ਰਤੀ ਯੂਨਿਟ ਦੇ ਹਿਸਾਬ ਨਾਲ ਪੀ.ਐੱਸ.ਪੀ.ਸੀ.ਐੱਲ. ਨੂੰ ਵੇਚ ਰਹੇ ਹਨ

ਬਠਿੰਡਾ/ਰਾਮਪੁਰਾ, 28 ਨਵੰਬਰ (ਜੀਵਨ ਬਾਂਸਲ): ਪੰਜਾਬ ਸਰਕਾਰ ਸੂਰਜੀ ਊਰਜਾ ਰਾਹੀਂ ਸਾਫ਼-ਸੁਥਰੀ ਊਰਜਾ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਵਚਨਬੱਧ ਹੈ। ਇਸੇ ਉਦੇਸ਼ ਤਹਿਤ ਪਿੰਡ ਚਾਉਕੇ ਵਿਖੇ ਚਲਾਏ ਜਾ ਰਹੇ ਵਿਲੱਖਣ ਪ੍ਰੋਜੈਕਟ ਅਧੀਨ 24 ਕਿਸਾਨਾਂ ਨੂੰ ਵਾਧੂ ਬਿਜਲੀ ਪੀ.ਐੱਸ.ਪੀ.ਸੀ.ਐੱਲ. ਨੂੰ ਵੇਚਣ ਬਦਲੇ ਕੁੱਲ 3.08 ਲੱਖ ਰੁਪਏ ਦੀ ਪ੍ਰੋਤਸਾਹਨ ਰਾਸ਼ੀ ਵੰਡੀ ਗਈ।

ਇਹ ਪ੍ਰਗਟਾਵਾ ਪੰਜਾਬ ਸਰਕਾਰ ਦੇ ਨਵਿਆਉਣਯੋਗ ਊਰਜਾ ਮੰਤਰੀ ਸ੍ਰੀ ਅਮਨ ਅਰੋੜਾ ਨੇ ਪ੍ਰੋਤਸਾਹਨ ਰਾਸ਼ੀ ਵੰਡਣ ਸਬੰਧੀ ਕਰਵਾਏ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਅੱਠ ਮਹੀਨੇ ਪਹਿਲਾਂ ਪੀ.ਐੱਸ.ਪੀ.ਸੀ.ਐੱਲ. ਦੇ ਚਾਉਕੇ ਸਥਿਤ ਪੀਰਕੋਟ ਫੀਡਰ ਨੂੰ ਇਸ ਪ੍ਰੋਜੈਕਟ ਲਈ ਚੁਣਿਆ ਗਿਆ ਸੀ। ਇਸ ਤਹਿਤ 24 ਕਿਸਾਨਾਂ ਨੇ ਖੇਤਾਂ ਦੀ ਸਿੰਚਾਈ ਲਈ ਵਰਤੇ ਜਾਂਦੇ ਮੋਟਰ ਪੰਪਾਂ ’ਤੇ 10 ਤੋਂ 20 ਹਾਰਸ ਪਾਵਰ ਸਮਰੱਥਾ ਵਾਲੇ ਸੂਰਜੀ ਊਰਜਾ ਪਲਾਂਟ ਲਗਾਏ ਸਨ, ਜਿਨ੍ਹਾਂ ਲਈ ਸਰਕਾਰ ਵੱਲੋਂ 90 ਫ਼ੀਸਦੀ ਸਬਸਿਡੀ ਦਿੱਤੀ ਗਈ।

ਮੰਤਰੀ ਨੇ ਦੱਸਿਆ ਕਿ ਇਨ੍ਹਾਂ ਸੋਲਰ ਪਲਾਂਟਾਂ ਰਾਹੀਂ ਪੈਦਾ ਹੋਣ ਵਾਲੀ ਬਿਜਲੀ ਨਾਲ ਕਿਸਾਨਾਂ ਦੇ ਮੋਟਰ ਪੰਪ ਚੱਲਦੇ ਹਨ ਅਤੇ ਖੇਤਾਂ ਦੀ ਸਿੰਚਾਈ ਹੁੰਦੀ ਹੈ। ਇਸ ਤੋਂ ਬਾਅਦ ਬਚਦੀ ਵਾਧੂ ਬਿਜਲੀ ਕਿਸਾਨ 2.50 ਰੁਪਏ ਪ੍ਰਤੀ ਯੂਨਿਟ ਦੇ ਹਿਸਾਬ ਨਾਲ ਪੀ.ਐੱਸ.ਪੀ.ਸੀ.ਐੱਲ. ਨੂੰ ਵੇਚ ਰਹੇ ਹਨ। ਇਸੇ ਦੇ ਬਦਲੇ ਅੱਜ ਕਿਸਾਨਾਂ ਨੂੰ 3.08 ਲੱਖ ਰੁਪਏ ਦੀ ਪ੍ਰੋਤਸਾਹਨ ਰਾਸ਼ੀ ਦਿੱਤੀ ਗਈ ਹੈ।

ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਨਾਲ ਕਿਸਾਨ ਸਾਫ਼-ਸੁਥਰੀ ਊਰਜਾ ਪੈਦਾ ਕਰਨ ਦੇ ਨਾਲ-ਨਾਲ ਵਾਧੂ ਬਿਜਲੀ ਵੇਚ ਕੇ ਆਮਦਨ ਵੀ ਹਾਸਲ ਕਰ ਰਹੇ ਹਨ। ਉਨ੍ਹਾਂ ਹੋਰਨਾਂ ਕਿਸਾਨਾਂ ਨੂੰ ਵੀ ਇਸ ਯੋਜਨਾ ਤੋਂ ਪ੍ਰੇਰਨਾ ਲੈ ਕੇ ਸੂਰਜੀ ਊਰਜਾ ਪਲਾਂਟ ਲਗਾਉਣ ਦੀ ਅਪੀਲ ਕੀਤੀ।

ਇਸ ਮੌਕੇ ਵਿਧਾਇਕ ਰਾਮਪੁਰਾ ਸ੍ਰੀ ਬਲਕਾਰ ਸਿੰਘ ਸਿੱਧੂ, ਵਿਧਾਇਕ ਮੌੜ ਮੰਡੀ ਸ੍ਰੀ ਸੁਖਬੀਰ ਸਿੰਘ ਮਾਈਸਰਖਾਨਾ, ਚੇਅਰਮੈਨ ਨਗਰ ਸੁਧਾਰ ਟਰੱਸਟ ਸ. ਜਤਿੰਦਰ ਸਿੰਘ ਭੱਲਾ, ਚੇਅਰਮੈਨ ਸ਼ੂਗਰਫੈੱਡ ਪੰਜਾਬ ਅਤੇ ਲੋਕ ਸਭਾ ਹਲਕਾ ਬਠਿੰਡਾ ਦੇ ਇੰਚਾਰਜ ਸ੍ਰੀ ਨਵਦੀਪ ਜੀਦਾ, ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ, ਪੇਡਾ ਦੇ ਜ਼ਿਲ੍ਹਾ ਮੈਨੇਜਰ ਸ੍ਰੀ ਨਯਾਬ ਮਿੱਤਲ, ਸੀਨੀਅਰ ਮੈਨੇਜਰ ਸ੍ਰੀ ਸੁਰਿੰਦਰਪਾਲ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

— Jiwan kumar, Bathinda

ਇਫਤਿਖਾਰ ਹੁਸੈਨ ਅਤੇ ਕਿਉਂ ਸਾਂਭੀ ਬੈਠੇ ਇਹ ਖਜ਼ਾਨਾ ਸੁਣੋ ਉਹਨਾਂ ਤੋਂ



ਰਿਆਸਤੀ ਸ਼ਹਿਰ ਮਲੇਰਕੋਟਲਾ ਦੀ ਧਰਤੀ ਆਪਣੇ ਅੰਦਰ ਇਤਿਹਾਸ ਦੀਆਂ ਅਨੇਕਾਂ ਯਾਦਾਂ ਅਤੇ ਪੁਰਾਤਨ ਵਿਰਾਸਤਾਂ ਨੂੰ ਸਮੋਈ ਬੈਠੀ ਹੈ। ਇਸੇ ਪੁਰਾਤਨ ਵਿਰਾਸਤ ਨੂੰ ਸਾਂਭਣ ਵਾਲੇ ਲੋਕਾਂ ਵਿੱਚ ਸ਼ੇਖ ਇਫਤਿਖਾਰ ਹੁਸੈਨ ਦਾ ਨਾਮ ਵੀ ਖਾਸ ਤੌਰ ’ਤੇ ਸਾਹਮਣੇ ਆਉਂਦਾ ਹੈ, ਜੋ ਬੀਤੇ ਸਮੇਂ ਨਾਲ ਜੁੜੀਆਂ ਕੀਮਤੀ ਨਿਸ਼ਾਨੀਆਂ ਅਤੇ ਵਿਰਾਸਤੀ ਯਾਦਾਂ ਨੂੰ ਸੰਭਾਲ ਕੇ ਰੱਖ ਰਹੇ ਹਨ।

ਇਹ ਖ਼ਜ਼ਾਨਾ ਸਿਰਫ਼ ਪੁਰਾਣੀਆਂ ਵਸਤੂਆਂ ਦਾ ਸੰਗ੍ਰਹਿ ਨਹੀਂ, ਸਗੋਂ ਮਲੇਰਕੋਟਲਾ ਦੇ ਇਤਿਹਾਸ, ਸੱਭਿਆਚਾਰ ਅਤੇ ਪੁਰਖਿਆਂ ਦੀ ਜੀਵਨ-ਸ਼ੈਲੀ ਨਾਲ ਜੁੜੀਆਂ ਯਾਦਾਂ ਦਾ ਇੱਕ ਅਹਿਮ ਹਿੱਸਾ ਮੰਨਿਆ ਜਾ ਸਕਦਾ ਹੈ। ਅਜਿਹੀਆਂ ਪੁਰਾਤਨ ਨਿਸ਼ਾਨੀਆਂ ਅੱਜ ਦੀ ਨਵੀਂ ਪੀੜ੍ਹੀ ਨੂੰ ਆਪਣੇ ਇਤਿਹਾਸ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀਆਂ ਹਨ।

— Mohammad Shehbaz

LOCAL

ਗਧੀਯੀਪੁਰ, ਜਲੰਧਰ ਵਿੱਚ ਗਟਰ ਖੁੱਲ੍ਹੀ, ਰਹਿਣ ਵਾਲਿਆਂ ਨੂੰ ਚਿੰਤਾ



ਜਲੰਧਰ, ਪੰਜਾਬ – ਗਧੀਯੀਪੁਰ ਖੇਤਰ ਵਿੱਚ ਗਟਰ ਖੁੱਲ੍ਹੀ ਹੋਣ ਦੀ ਰਿਪੋਰਟ ਮਿਲੀ ਹੈ। ਗਟਰ ਦੇ ਖੁੱਲ੍ਹਣ ਕਾਰਨ ਮੀਂਹ ਦੇ ਪਾਣੀ ਦੀ ਬਹਾਅ ਵਧੀ ਹੈ ਅਤੇ ਨੇੜਲੇ ਘਰਾਂ ਵਿੱਚ ਪਾਣੀ ਦੀ ਬਹਿਣ ਦੀ ਸੰਭਾਵਨਾ ਬਣੀ ਹੈ।

ਸਥਾਨਕ ਰਹਿਣ ਵਾਲਿਆਂ ਨੇ ਇਸ ਮਸਲੇ ਬਾਰੇ ਜਾਣਕਾਰੀ ਪੁਰਵਾਰਕ ਅਧਿਕਾਰੀਆਂ ਨੂੰ ਦਿੱਤੀ ਹੈ ਅਤੇ ਤੁਰੰਤ ਕਾਰਵਾਈ ਦੀ ਮੰਗ ਕੀਤੀ ਹੈ।

ਪੁਲਿਸ ਜਾਂ ਮਿਊਂਸਿਪਲ ਕੌਂਸਲ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਗਟਰ ਨੂੰ ਬੰਦ ਕਰਕੇ ਸੁਰੱਖਿਆ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ।

ਇਸ ਘਟਨਾ ਨਾਲ ਸਥਾਨਕ ਲੋਕਾਂ ਵਿੱਚ ਚਿੰਤਾ ਵਧੀ ਹੈ ਅਤੇ ਉਮੀਦ ਕੀਤੀ ਜਾਂਦੀ ਹੈ ਕਿ ਅਧਿਕਾਰੀਆਂ ਵੱਲੋਂ ਜਲਦੀ ਹੱਲ ਕੀਤਾ ਜਾਵੇਗਾ।

— Sunny Kumar, Jalandhar

LOCAL

ਜਲੰਧਰ ਦੀ ਗਧੀਯੀਪੁਰ ਗਲੀ ਨੰਬਰ 6 'ਤੇ ਗਟਰ ਖੁੱਲ੍ਹਾ



ਗਧੀਯੀਪੁਰ ਗਲੀ ਨੰਬਰ 6, ਰੰਧਵਾ ਮੰਸਾਂਦਾ ਰੋਡ, ਜਲੰਧਰ ਵਿੱਚ ਗਟਰ ਖੁੱਲ੍ਹਾ ਹੋਇਆ ਮਿਲਿਆ।

ਇਸ ਖੁੱਲ੍ਹੇ ਗਟਰ ਕਾਰਨ ਪੈਦਲ ਯਾਤਰੀਆਂ ਅਤੇ ਵਾਹਨਾਂ ਲਈ ਅਸੁਵਿਧਾ ਪੈ ਸਕਦੀ ਹੈ।

ਸਥਾਨਕ ਨਿਵਾਸੀਆਂ ਨੇ ਇਸ ਬਾਰੇ ਚਿੰਤਾ ਜਤਾਈ ਅਤੇ ਅਧਿਕਾਰੀਆਂ ਨੂੰ ਸੂਚਿਤ ਕੀਤਾ।

— Sunny Kumar, Jalandhar

ਨਸ਼ਿਆਂ ਵਿਰੁੱਧ ਮੁਹਿੰਮ: ਲਹਿਰਾ ਮੁਹੱਬਤ ਵਿਖੇ ਅੱਜ ਵਾਲੀਬਾਲ ਤੇ ਕ੍ਰਿਕਟ ਦੇ ਸੈਮੀਫਾਈਨਲ ਅਤੇ ਫਾਈਨਲ ਮੁਕਾਬਲੇ



ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਖੇਡ ਮੈਦਾਨ

ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਈ ਜਾ ਰਹੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਨਸ਼ਿਆਂ ਤੋਂ ਪ੍ਰਭਾਵਿਤ ਪਿੰਡਾਂ ਦੇ ਆਪਸੀ ਖੇਡ ਮੁਕਾਬਲਿਆਂ ਦੇ ਸੈਮੀਫਾਈਨਲ ਅਤੇ ਫਾਈਨਲ ਮੁਕਾਬਲੇ ਐਤਵਾਰ, 29 ਨਵੰਬਰ ਨੂੰ ਲਹਿਰਾ ਮੁਹੱਬਤ ਦੇ ਖੇਡ ਮੈਦਾਨ ਵਿਖੇ ਕਰਵਾਏ ਜਾਣਗੇ।

ਇਨ੍ਹਾਂ ਮੁਕਾਬਲਿਆਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਅੱਜ ਲਹਿਰਾ ਮੁਹੱਬਤ ਦੇ ਖੇਡ ਮੈਦਾਨ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਖੇਡ ਮੁਕਾਬਲਿਆਂ ਦੇ ਸੁਚਾਰੂ ਪ੍ਰਬੰਧ, ਖਿਡਾਰੀਆਂ ਲਈ ਲੋੜੀਂਦੀਆਂ ਸਹੂਲਤਾਂ ਅਤੇ ਹੋਰ ਜ਼ਰੂਰੀ ਇੰਤਜ਼ਾਮ ਸਮੇਂ ਸਿਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ 20 ਪਿੰਡਾਂ ਦੇ ਖੇਡ ਮੁਕਾਬਲੇ ਕਰਵਾਏ ਗਏ ਹਨ, ਤਾਂ ਜੋ ਨੌਜਵਾਨ ਆਪਣੀ ਊਰਜਾ ਖੇਡਾਂ ਅਤੇ ਉਸਾਰੂ ਗਤੀਵਿਧੀਆਂ ਵਿੱਚ ਲਗਾ ਕੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾ ਸਕਣ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਵਿੱਚ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਆਪਣਾ ਯੋਗਦਾਨ ਪਾ ਰਿਹਾ ਹੈ।

ਵਾਲੀਬਾਲ ਦੇ ਮੁਕਾਬਲਿਆਂ ਵਿੱਚ ਭਾਗੀਬਾਂਦਰ, ਮਲੂਕਾ, ਬੁਰਜ ਮਾਨਸਾ ਕਲਾਂ ਅਤੇ ਹਰਰਾਏਪੁਰ ਦੀਆਂ ਟੀਮਾਂ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੀਆਂ, ਜਦਕਿ ਕ੍ਰਿਕਟ ਦੇ ਮੁਕਾਬਲਿਆਂ ਵਿੱਚ ਜੀਵਨ ਸਿੰਘ ਵਾਲਾ, ਲਹਿਰਾ ਮੁਹੱਬਤ, ਝੁੰਬਾ ਅਤੇ ਹਰਰਾਏਪੁਰ ਦੀਆਂ ਟੀਮਾਂ ਭਾਗ ਲੈਣਗੀਆਂ।

ਇਨ੍ਹਾਂ ਮੁਕਾਬਲਿਆਂ ਰਾਹੀਂ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਨਾਲ-ਨਾਲ ਆਪਸੀ ਭਾਈਚਾਰੇ ਅਤੇ ਖੇਡ ਭਾਵਨਾ ਨੂੰ ਮਜ਼ਬੂਤ ਕਰਨ ਦਾ ਮੌਕਾ ਮਿਲੇਗਾ।

ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਸ. ਰੁਪਿੰਦਰ ਸਿੰਘ ਬਰਾੜ, ਐੱਸ.ਪੀ. ਸ੍ਰੀ ਜਗਦੀਸ਼ ਬਿਸ਼ਨੋਈ, ਡੀ.ਐੱਸ.ਪੀ. ਗੁਰਪ੍ਰੀਤ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

— Jiwan kumar, Bathinda

SPORTS

ਹੁਸ਼ਿਆਰਪੁਰ ਵਿੱਚ ‘ਖੇਡਾਂ ਵਤਨ ਪੰਜਾਬ ਦੀਆਂ’ ਸੀਜ਼ਨ-4 ਦਾ ਸੂਬਾ ਪੱਧਰੀ ਸਮਾਪਤੀ ਸਮਾਗਮ 29 ਨਵੰਬਰ ਨੂੰ, ਮੁੱਖ ਮੰਤਰੀ ਮਾਨ ਤੇ ਮੀਕਾ ਸਿੰਘ ਹੋਣਗੇ ਸ਼ਾਮਲ



ਖੇਡਾਂ ਪ੍ਰਤੀ ਉਤਸ਼ਾਹ, ਖਿਡਾਰੀਆਂ ਦੀਆਂ ਪ੍ਰਾਪਤੀਆਂ ਅਤੇ ਪੰਜਾਬ ਦੀ ਖੇਡ ਭਾਵਨਾ ਦੇ ਜਸ਼ਨ ਵਜੋਂ ‘ਖੇਡਾਂ ਵਤਨ ਪੰਜਾਬ ਦੀਆਂ’ ਸੀਜ਼ਨ-4 ਦਾ ਸੂਬਾ ਪੱਧਰੀ ਸਮਾਪਤੀ ਸਮਾਗਮ 29 ਨਵੰਬਰ ਨੂੰ ਹੁਸ਼ਿਆਰਪੁਰ ਦੇ ਲਾਜਵੰਤੀ ਸਟੇਡੀਅਮ ਵਿਖੇ ਕਰਵਾਇਆ ਜਾਵੇਗਾ। ਇਸ ਮਹੱਤਵਪੂਰਨ ਸਮਾਗਮ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕਰਨਗੇ, ਜਦਕਿ ਪ੍ਰਸਿੱਧ ਗਾਇਕ ਮੀਕਾ ਸਿੰਘ ਆਪਣੀ ਗਾਇਕੀ ਨਾਲ ਦਰਸ਼ਕਾਂ ਦਾ ਮਨੋਰੰਜਨ ਕਰਨਗੇ।

ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਲਾਜਵੰਤੀ ਸਟੇਡੀਅਮ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਮੀਟਿੰਗ ਕੀਤੀ। ਉਨ੍ਹਾਂ ਨੇ ਪ੍ਰਬੰਧਾਂ ਨੂੰ ਅੰਤਿਮ ਰੂਪ ਦੇਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਇਹ ਸਮਾਰੋਹ ਹੁਸ਼ਿਆਰਪੁਰ ਲਈ ਇੱਕ ਮਹੱਤਵਪੂਰਨ ਸਮਾਗਮ ਹੈ ਅਤੇ ਇਸ ਵਿੱਚ ਵੱਡੀ ਗਿਣਤੀ ਵਿੱਚ ਖਿਡਾਰੀਆਂ, ਖੇਡ ਪ੍ਰੇਮੀਆਂ ਅਤੇ ਆਮ ਲੋਕਾਂ ਦੇ ਸ਼ਾਮਲ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਨੇ ਸਮਾਗਮ ਨਾਲ ਸਬੰਧਤ ਹਰੇਕ ਪ੍ਰਬੰਧ ਨੂੰ ਪੂਰੀ ਜ਼ਿੰਮੇਵਾਰੀ ਅਤੇ ਆਪਸੀ ਤਾਲਮੇਲ ਨਾਲ ਯਕੀਨੀ ਬਣਾਉਣ ’ਤੇ ਜ਼ੋਰ ਦਿੱਤਾ ਤਾਂ ਜੋ ਕਿਸੇ ਵੀ ਵਿਅਕਤੀ ਨੂੰ ਕੋਈ ਅਸੁਵਿਧਾ ਨਾ ਹੋਵੇ।

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਖਾਸ ਤੌਰ ’ਤੇ ਸੁਰੱਖਿਆ ਪ੍ਰਬੰਧਾਂ, ਆਵਾਜਾਈ ਦੇ ਸੁਚਾਰੂ ਪ੍ਰਬੰਧਨ, ਪਾਰਕਿੰਗ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ, ਬਿਜਲੀ ਦੀ ਨਿਰਵਿਘਨ ਸਪਲਾਈ ਅਤੇ ਸਿਹਤ ਸਹੂਲਤਾਂ ਵੱਲ ਵਿਸ਼ੇਸ਼ ਧਿਆਨ ਦੇਣ ਲਈ ਕਿਹਾ। ਇਸ ਤੋਂ ਇਲਾਵਾ ਮੈਡੀਕਲ ਟੀਮਾਂ ਦੀ ਤਾਇਨਾਤੀ, ਸੱਭਿਆਚਾਰਕ ਪ੍ਰੋਗਰਾਮਾਂ ਦੇ ਪ੍ਰਬੰਧ ਅਤੇ ਸਟੇਡੀਅਮ ਵਿੱਚ ਆਉਣ-ਜਾਣ ਲਈ ਢੁੱਕਵੇਂ ਇੰਤਜ਼ਾਮ ਸਮੇਂ ਸਿਰ ਮੁਕੰਮਲ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ।

ਨੂੰ ਸਮਾਗਮ ਦੀਆਂ ਤਿਆਰੀਆਂ ਦਾ ਅਹਿਮ ਹਿੱਸਾ ਦੱਸਦਿਆਂ ਸਾਰੇ ਵਿਭਾਗਾਂ ਨੂੰ ਆਪਣੀਆਂ ਨਿਰਧਾਰਤ ਜ਼ਿੰਮੇਵਾਰੀਆਂ ਗੰਭੀਰਤਾ ਨਾਲ ਨਿਭਾਉਣ ਅਤੇ ਕਿਸੇ ਵੀ ਪੱਧਰ ’ਤੇ ਤਾਲਮੇਲ ਦੀ ਕਮੀ ਨਾ ਰੱਖਣ ਦੀ ਹਦਾਇਤ ਕੀਤੀ। ਉਨ੍ਹਾਂ ਨੇ ਪ੍ਰਬੰਧਾਂ ਦੀ ਨਿਯਮਤ ਨਿਗਰਾਨੀ ਕਰਨ ਅਤੇ ਸਾਰੇ ਇੰਤਜ਼ਾਮ ਨਿਰਧਾਰਤ ਸਮੇਂ ਤੋਂ ਪਹਿਲਾਂ ਮੁਕੰਮਲ ਕਰਨ ’ਤੇ ਜ਼ੋਰ ਦਿੱਤਾ। ਮੀਟਿੰਗ ਵਿੱਚ ਏਡੀਸੀ (ਜ) ਮੇਜਰ ਡਾ. ਸੁਮਿਤ ਮੁੱਧ, ਏਡੀਸੀ (ਵਿਕਾਸ) ਅਮਰਜੀਤ ਬੈਂਸ, ਐਸ.ਪੀ. ਸੰਦੀਪ ਸਿੰਘ, ਆਈ.ਏ.ਐਸ. ਅਧਿਕਾਰੀ ਗੁਰਕੰਵਲ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

— Amandeep Singh

LOCAL

ਸਾਹਰਨਪੁਰ ਵਿੱਚ 27 ਨਵੰਬਰ ਨੂੰ ਸੰਵਿਧਾਨ ਦਿਵਸ ਦੀ ਵੱਡੀ ਮਨਾਉਣੀ, ਗੁਰੂ ਰਵਿਦਾਸ ਆਰਮੀ ਦੇ ਨੇਤ੍ਰਿਤਵ ਹੇਠ



ਸਾਹਰਨਪੁਰ ਵਿੱਚ 27 ਨਵੰਬਰ ਨੂੰ ਸੰਵਿਧਾਨ ਦਿਵਸ ਦੀ ਵੱਡੀ ਮਨਾਉਣੀ ਹੋਈ, ਜਿਸ ਦੀ ਅਗਵਾਈ ਸ਼੍ਰੀ ਗੁਰੂ ਰਵਿਦਾਸ ਆਰਮੀ ਨੇ ਕੀਤੀ। ਇਹ ਇਵੈਂਟ "ਅਭਾਸ ਮਹਾਸੰਘ ਮਿਸ਼ਨ 24 ਕੈਰੇਟ" ਸੰਸਥਾ ਦੇ ਨੇਤ੍ਰਿਤਵ ਹੇਠ ਆਯੋਜਿਤ ਕੀਤਾ ਗਿਆ।

ਇਸ ਸਮਾਰੋਹ ਵਿੱਚ ਮੁੱਖ ਪ੍ਰਵਕਤਾ ਵਜੋਂ ਸ਼੍ਰੀ ਗੁਰੂ ਰਵਿਦਾਸ ਆਰਮੀ, ਰਾਸ਼ਟਰੀ ਅਧਿਆਖ਼, ਐਡਵੋਕੇਟ ਲਾਲ ਸਿੰਘ, ਜ਼ਿਲ੍ਹਾ ਅਧਿਆਖ਼, ਰੋਹਿਤ ਕੁਮਾਰ, ਵਿਧਾਨ ਸਭਾ ਅਧਿਆਖ਼ ਰਾਜੀਵ ਜਾਟਵ, ਅਜੈ ਕੁਮਾਰ, ਨਫੇ ਸਿੰਘ, ਡਾ. ਵੀਰਿੰਦਰ ਰਾਜਪਾਲ ਸਿੰਘ, ਅੰਬੇਡਕਰ, ਰਾਜੇਸ਼ਪ੍ਰਧਾਨ, ਉਮੇਸ਼ ਕੁਮਾਰ, ਸੁਮਿਤ ਕੁਮਾਰ, ਅਭਿਸ਼ੇਕ ਕੁਮਾਰ, ਜੁਲਫਿਕਾਰ, ਦਿਨੇਸ਼ ਉਪਕਾਰ, ਮਨੋਜ ਵੀ ਆਦਿ ਕਈ ਮਹੱਤਵਪੂਰਨ ਵਿਅਕਤੀਆਂ ਨੇ ਹਾਜ਼ਰੀ ਦਿੱਤੀ।

ਸੈਂਕੜਿਆਂ ਲੋਕਾਂ ਦੀ ਭੀੜ ਨੇ ਇਸ ਦਿਨ ਨੂੰ ਖੁਸ਼ੀ-ਖੁਸ਼ੀ ਮਨਾਇਆ, ਅਤੇ ਸਮਾਗਮ ਦੌਰਾਨ ਵੱਖ-ਵੱਖ ਗਤੀਵਿਧੀਆਂ ਅਤੇ ਭਾਸ਼ਣ ਹੋਏ। ਹਾਜ਼ਰੀਨ ਨੇ ਸੰਵਿਧਾਨ ਦੀ ਮਹੱਤਤਾ ਅਤੇ ਦੇਸ਼ ਦੀ ਏਕਤਾ 'ਤੇ ਜ਼ੋਰ ਦਿੱਤਾ।

ਸ਼੍ਰੀ ਗੁਰੂ ਰਵਿਦਾਸ ਆਰਮੀ ਨੇ 2027 ਵਿੱਚ ਹੋਣ ਵਾਲੀ ਇੱਕ ਵੱਡੀ ਮਹਾਸਮਮੇਲ ਦੀ ਘੋਸ਼ਣਾ ਵੀ ਕੀਤੀ, ਜਿਸ ਨਾਲ ਇਸ ਸਮਾਗਮ ਦੀ ਮਹੱਤਤਾ ਹੋਰ ਵੀ ਵਧ ਗਈ।

— YALLAPPA RAGATE (PATIL)

LOCAL

ਘੱਟ ਗਿਣਤੀ ਕਮਿਸ਼ਨ 'ਤੇ ਕੰਜ ਮਿੱਠੂ ਬਸਤੀ ਦੇ ਇਨਸਾਫ ਦੀ ਬਜਾਏ ਝੂਠੇ ਪਰਚੇ



ਘੱਟ ਗਿਣਤੀ ਕਮਿਸ਼ਨ ਨੇ ਕੰਜ ਮਿੱਠੂ ਬਸਤੀ ਦੇ ਮਾਮਲੇ 'ਚ ਇਨਸਾਫ ਦੀ ਥਾਂ ਝੂਠੇ ਪਰਚੇ ਜਾਰੀ ਕਰਨ ਦੀ ਗੰਭੀਰ ਨਿੰਦਾ ਕੀਤੀ।

ਕਮਿਸ਼ਨ ਦੇ ਮੈਂਬਰਾਂ ਨੇ ਕਿਹਾ ਕਿ ਬਸਤੀ ਦੇ ਨਿਵਾਸੀਆਂ ਨੂੰ ਉਚਿਤ ਕਾਨੂੰਨੀ ਸਹਾਇਤਾ ਮਿਲਣੀ ਚਾਹੀਦੀ ਹੈ, ਨਾ ਕਿ ਬੇਵਜ੍ਹਾ ਦਸਤਾਵੇਜ਼ਾਂ ਨਾਲ ਉਨ੍ਹਾਂ ਨੂੰ ਪਰੇਸ਼ਾਨ ਕੀਤਾ ਜਾਵੇ।

ਇਸ ਘਟਨਾ 'ਤੇ ਕਮਿਸ਼ਨ ਨੇ ਸੰਬੰਧਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਅਤੇ ਝੂਠੇ ਪਰਚਿਆਂ ਦੀ ਜਾਂਚ ਕਰਕੇ ਜ਼ਿੰਮੇਵਾਰਾਂ ਨੂੰ ਕੜੀ ਸਜ਼ਾ ਦੇਣ ਦੀ ਮੰਗ ਕੀਤੀ।

— Amandeep Singh

VIRAL & TRENDING

ਖਾਲੀ ਡਿਸਪਲੇਅ 'ਤੇ ਰਚਨਾਤਮਕ ਵਿਚਾਰਾਂ ਦੀ ਖੋਜ



ਰਿਪੋਰਟਰ ਨੇ ਖਾਲੀ ਡਿਸਪਲੇਅ ਨੂੰ ਦੇਖਦੇ ਹੋਏ ਅੱਜ ਦੇ ਰਚਨਾਤਮਕ ਵਿਚਾਰਾਂ ਬਾਰੇ ਸੋਚਿਆ।

ਇਸ ਕਾਰਨ ਉਹਨਾਂ ਨੇ ਆਪਣੇ ਵਿਚਾਰਾਂ ਨੂੰ ਲਿਖਣ ਵਿੱਚ ਮੁਸ਼ਕਲ ਮਹਿਸੂਸ ਕੀਤੀ।

ਉਹ ਹੋਰਨਾਂ ਦੀਆਂ ਗਤੀਵਿਧੀਆਂ ਬਾਰੇ ਜਾਣਨਾ ਚਾਹੁੰਦੇ ਹਨ ਅਤੇ ਸੋਸ਼ਲ ਮੀਡੀਆ 'ਤੇ ਲੋਕਾਂ ਦੇ ਕੰਮਾਂ ਬਾਰੇ ਪੁੱਛਦੇ ਹਨ।

— Amandeep Singh

RELIGION

ਪੰਜਾਬ ਵਿੱਚ ਸਿੱਖ-ਹਿੰਦੂਆਂ ਨੇ 165 ਮਸਜਿਦਾਂ ਲਈ ਜ਼ਮੀਨ ਦਾਨ, ਫਤਿਹਗੜ੍ਹ ਸਾਹਿਬ ਅਤੇ ਸੰਗਰੂਰ ਦੇ ਗਾਂਵਾਂ ਵਿੱਚ ਇਮਾਰਤਾਂ ਦੀ ਸ਼ੁਰੂਆਤ



ਪੰਜਾਬ ਵਿੱਚ ਸਿੱਖ-ਹਿੰਦੂ ਪਰਿਵਾਰਾਂ ਨੇ ਪਿਛਲੇ ਨੌਂ ਸਾਲਾਂ ਵਿੱਚ ਕੁੱਲ 165 ਮਸਜਿਦਾਂ ਦੀ ਨਿਰਮਾਣ ਲਈ ਆਪਣੀ ਜ਼ਮੀਨ ਅਤੇ ਪੈਸਾ ਦਾਨ ਕੀਤਾ, ਜਿਸ ਨਾਲ ਮੁਸਲਿਮ ਕਮਿਊਨਿਟੀ ਦੀ ਮੌਜੂਦਗੀ ਨੂੰ ਸਵੀਕਾਰਿਆ ਗਿਆ ਹੈ।

ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਜਖੀਵਾਲ ਗਾਂਵ ਵਿੱਚ 87 ਸਾਲਾ ਗੱਜੂ ਖਾਨ ਉਮੀਦ ਕਰਦੇ ਹਨ ਕਿ ਉਹ ਆਪਣੀ ਜ਼ਿੰਦਗੀ ਵਿੱਚ ਦੁਬਾਰਾ ਅਜ਼ਾਨ ਦੀ ਆਵਾਜ਼ ਸੁਣ ਸਕਣਗੇ; ਆਖਰੀ ਵਾਰ ਉਹਨਾਂ ਨੇ 8 ਸਾਲ ਦੀ ਉਮਰ ਵਿੱਚ ਇਹ ਸੁਣੀ ਸੀ। 77 ਸਾਲੀ ਰਾਜਿੰਦਰ ਕੌਰ ਨੇ ਆਪਣੇ ਪੁੱਤਰ ਨੂੰ ਪਰਿਵਾਰ ਦੀ ਜ਼ਮੀਨ ਨੂੰ ਮਸਜਿਦ ਲਈ ਦਾਨ ਕਰਨ ਲਈ ਮਨਾਇਆ, ਉਹ ਕਹਿੰਦੀ ਹੈ ਕਿ "ਇਬਾਦਤ ਦੀ ਥਾਂ ਦੇਣ ਤੋਂ ਬਿਹਤਰ ਕੋਈ ਕੰਮ ਨਹੀਂ"। (ਉਸਦੀ ਜ਼ਮੀਨ ਉੱਤੇ ਪਹਿਲਾਂ ਹੀ ਇੱਕ ਦਰਗਾਹ ਮੌਜੂਦ ਹੈ)।

ਸੰਗਰੂਰ ਜ਼ਿਲ੍ਹੇ ਦੇ ਪੁਨਾਵਾਲ ਗਾਂਵ ਵਿੱਚ ਹਿੰਦੂ ਪੁਜਾਰੀ ਜਸਪਾਲ ਸ਼ਰਮਾ ਨੇ ਮਸਜਿਦ ਲਈ ਆਪਣੀ ਜ਼ਮੀਨ ਦਾਨ ਕੀਤੀ ਅਤੇ ਉਦਘਾਟਨ ਸਮਾਰੋਹ 'ਤੇ ਪੂਰੇ ਗਾਂਵ ਨੂੰ ਭੋਜਨ ਕਰਵਾਇਆ। 550 ਘਰਾਂ ਵਾਲੇ ਇਸ ਗਾਂਵ ਵਿੱਚ ਮੁਸਲਿਮਾਂ ਦੀ ਗਿਣਤੀ ਘੱਟ ਹੈ, ਪਰ ਸਾਰੇ ਵਸਨੀਕਾਂ ਨੇ ਪੈਸਾ, ਇੱਟਾਂ ਅਤੇ ਸੀਮੈਂਟ ਦੇ ਰੂਪ ਵਿੱਚ ਯੋਗਦਾਨ ਦਿੱਤਾ।

ਸ਼ਾਹੀ ਇਮਾਮ ਨੇ ਕਿਹਾ ਕਿ ਸਿੱਖਾਂ ਅਤੇ ਹਿੰਦੂਆਂ ਦੀ ਇਸ ਦਾਨੀ ਕਾਰਵਾਈ ਨੇ 165 ਮਸਜਿਦਾਂ ਦੀ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ ਅਤੇ ਇਹ ਮੁਸਲਿਮ ਕਮਿਊਨਿਟੀ ਦੀ ਮੌਜੂਦਗੀ ਨੂੰ ਸਵੀਕਾਰਦਾ ਹੈ।

ਸਰੋਤ: DW News

— Sajjad Alam

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸੰਵਿਧਾਨ ਪ੍ਰਤੀ ਸ਼ਰਧਾ ਅਤੇ ਵਫ਼ਾਦਾਰੀ ਰੱਖਣ ਦਾ ਦਿਵਾਇਆ ਪ੍ਰਣ



ਤਰਨ ਤਾਰਨ , 27 ਨਵੰਬਰ (ਪ੍

ਸਿੱਖਿਆ ਅਫ਼ਸਰ ਸੈਕੰਡਰੀ ਮੰਗਤ ਸਿੰਘ ਨੇ ਦੱਸਿਆ ਕਿ ਪ੍ਰੀਖਿਆ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਪ੍ਰੀਖਿਆ ਵਿੱਚ ਕੁੱਲ 3381 ਵਿਦਿਆਰਥੀ ਭਾਗ ਲੈਣਗੇ। ਪ੍ਰੀਖਿਆ ਦਾ ਸਮਾਂ ਸਵੇਰੇ 11:30 ਵਜੇ ਤੋਂ ਦੁਪਹਿਰ 1:30 ਵਜੇ ਤੱਕ ਹੋਵੇਗਾ।

ਉਨ੍ਹਾਂ ਪ੍ਰੀਖਿਆ ਦੇਣ ਵਾਲੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਪ੍ਰੀਖਿਆ ਦੇਣ ਲਈ ਆਪਣਾ ਰੋਲ ਨੰਬਰ ਅਤੇ ਆਧਾਰ ਕਾਰਡ ਲੈ ਕੇ ਪ੍ਰੀਖਿਆ ਸਥਾਨ ਤੇ ਸਮੇਂ ਸਿਰ ਪਹੁੰਚਣ।

ਇਸ ਮੌਕੇ ਡੀਲਿੰਗ ਇਕਬਾਲ ਸਿੰਘ, ਸੁਪਰਡੈਂਟ ਸਰਬਜੀਤ ਸਿੰਘ, ਜਵਾਹਰ ਨਵੋਦਿਆ ਵਿਦਿਆਲਿਆ ਪ੍ਰਿੰਸੀਪਲ ਰਵਿੰਦਰ ਕੁਮਾਰ, ਵਾਈਸ ਪ੍ਰਿੰਸੀਪਲ ਹੇਮੰਤ ਸ਼ਰਮਾ, ਵਿਪਨ ਕੁਮਾਰ ਸੈਨ, ਓ.ਐਸ ਤੋਂ ਇਲਾਵਾ ਵਰੁਣ ਰੰਧਾਵਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

— Parkash singh

ਖਡੂਰ ਸਾਹਿਬ ਵਿਖੇ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ



ਖਡੂਰ ਸਾਹਿਬ/ਤਰਨ ਤਾਰਨ, 27 ਨਵੰਬਰ (ਪ੍ਰਕਾਸ਼ ਸਿੰਘ ਜੌਹਲ)

ਮੁੱਖ ਖੇਤੀਬਾੜੀ ਅਫਸਰ, ਤਰਨ ਤਾਰਨ ਡਾ. ਤੇਜਬੀਰ ਸਿੰਘ ਭੰਗੂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਆਤਮਾ ਸਕੀਮ ਅਧੀਨ ਖਡੂਰ ਸਾਹਿਬ ਵਿਖੇ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਬਲਾਕ ਖੇਤੀਬਾੜੀ ਅਫਸਰ ਡਾ. ਭੁਪਿੰਦਰ ਸਿੰਘ, ਡਾ. ਯਾਦਵਿੰਦਰ ਸਿੰਘ ਬੀ.ਟੀ.ਐਮ, ਡਾ. ਹਰਮਨਪ੍ਰੀਤ ਕੌਰ ਵੈਟਰਨਰੀ ਅਫਸਰ, ਡਾ. ਮਨਿੰਦਰ ਸਿੰਘ ਭੂਮੀ ਰੱਖਿਆ ਅਫਸਰ ਅਤੇ ਰਾਜਬੀਰ ਸਿੰਘ ਨੇ ਕਿਸਾਨਾਂ ਨੂੰ ਹਾੜ੍ਹੀ ਦੀਆਂ ਫ਼ਸਲਾਂ ਦੀ ਕਾਸ਼ਤ, ਪਸ਼ੂਆਂ ਦੀ ਸਿਹਤ ਸੰਭਾਲ ਅਤੇ ਖੇਤੀਬਾੜੀ ਨਾਲ ਸਬੰਧਤ ਸਹਾਇਕ ਧੰਦਿਆਂ ਬਾਰੇ ਵਿਸਥਾਰਪੂਰਵਕ ਤਕਨੀਕੀ ਜਾਣਕਾਰੀ ਦਿੱਤੀ।

ਮਾਹਿਰਾਂ ਨੇ ਕਿਸਾਨਾਂ ਨੂੰ ਹਰ ਦੋ ਤੋਂ ਤਿੰਨ ਸਾਲ ਬਾਅਦ ਆਪਣੇ ਖੇਤਾਂ ਦੀ ਮਿੱਟੀ ਦੀ ਪਰਖ ਕਰਵਾਉਣ ਅਤੇ ਮਿੱਟੀ ਪਰਖ ਰਿਪੋਰਟ ਅਨੁਸਾਰ ਹੀ ਖਾਦਾਂ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ। ਇਸ ਤੋਂ ਇਲਾਵਾ ਕਣਕ, ਸਰ੍ਹੋਂ ਅਤੇ ਦਾਲਾਂ ਦੀਆਂ ਫਸਲਾਂ ਵਿੱਚ ਕੀੜੇ-ਮਕੌੜਿਆਂ ਅਤੇ ਨਦੀਨਾਂ ਦੀ ਸੁਚੱਜੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ ਗਈ। ਕਣਕ ਦੀ ਫਸਲ ਵਿੱਚ ਮੈਗਨੀਜ਼, ਜ਼ਿੰਕ ਅਤੇ ਗੰਧਕ ਵਰਗੇ ਸੂਖਮ ਅਤੇ ਜ਼ਰੂਰੀ ਪੌਸ਼ਟਿਕ ਤੱਤਾਂ ਦੀ ਘਾਟ ਦੇ ਲੱਛਣਾਂ ਦੀ ਪਛਾਣ ਅਤੇ ਰੋਕਥਾਮ ਬਾਰੇ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ।

ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਖੇਤੀ ਵਿੱਚ ਸਿਰਫ਼ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ 'ਤੇ ਨਿਰਭਰ ਰਹਿਣ ਦੀ ਬਜਾਏ ਸੰਯੁਕਤ ਖਾਦ ਪ੍ਰਬੰਧਨ ਅਤੇ ਏਕੀਕ੍ਰਿਤ ਕੀਟ ਪ੍ਰਬੰਧਨ ਤਕਨੀਕਾਂ ਅਪਣਾਈਆਂ ਜਾਣ, ਤਾਂ ਜੋ ਖੇਤੀ ਲਾਗਤ ਘਟਾਉਣ ਦੇ ਨਾਲ-ਨਾਲ ਮਿੱਟੀ ਦੀ ਸਿਹਤ ਅਤੇ ਵਾਤਾਵਰਨ ਨੂੰ ਵੀ ਸੁਰੱਖਿਅਤ ਰੱਖਿਆ ਜਾ ਸਕੇ।

ਮੁਹੱਈਆ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਖੇਤੀਬਾੜੀ ਸਹੂਲਤਾਂ ਅਤੇ ਸਕੀਮਾਂ ਦਾ ਲਾਭ ਲੈਣ ਲਈ ਆਪਣੀ ਕਿਸਾਨ ਆਈ.ਡੀ. ਬਣਵਾਉਣ ਵਾਸਤੇ ਪ੍ਰੇਰਿਤ ਕੀਤਾ ਗਿਆ। ਇਸ ਦੇ ਨਾਲ ਹੀ ਦੱਸਿਆ ਗਿਆ ਕਿ ਫ਼ਸਲਾਂ ਵਿੱਚ ਗੰਧਕ ਤੱਤ ਦੀ ਘਾਟ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਸਬਸਿਡੀ 'ਤੇ ਜਿਪਸਮ ਵੀ ਉਪਲਬਧ ਕਰਵਾਇਆ ਜਾ ਰਿਹਾ ਹੈ। ਕਿਸਾਨਾਂ ਨੂੰ ਮਿੱਟੀ ਪਰਖ ਰਿਪੋਰਟ ਅਤੇ ਖੇਤੀ ਮਾਹਿਰਾਂ ਦੀ ਸਲਾਹ ਅਨੁਸਾਰ ਜਿਪਸਮ ਦੀ ਵਰਤੋਂ ਕਰਨ ਲਈ ਕਿਹਾ ਗਿਆ।

ਕੈਂਪ ਦੌਰਾਨ ਸਰਕਲ ਅਧਿਕਾਰੀ ਰੁਪਿੰਦਰਜੀਤ ਸਿੰਘ ਏ.ਈ.ਓ., ਗੁਰਪ੍ਰੀਤ ਸਿੰਘ ਏ.ਈ.ਓ, ਸਿਮਰਨਜੀਤ ਸਿੰਘ ਖੇਤੀਬਾੜੀ ਉਪ ਨਿਰੀਖਕ, ਕਮਲਜੀਤ ਕੌਰ ਸਹਾਇਕ ਤਕਨੀਕੀ ਪ੍ਰਬੰਧਕ, ਗੁਰਪ੍ਰਤਾਪ ਸਿੰਘ,ਕਰਮ ਸਿੰਘ ਅਤੇ ਚਰਨਜੀਤ ਸਿੰਘ ਫੀਲਡ ਵਰਕਰ ਸਮੇਤ ਵਿਭਾਗ ਦੀ ਸਮੁੱਚੀ ਟੀਮ ਹਾਜ਼ਰ ਸੀ। ਇਸ ਮੌਕੇ ਮੁਖਤਿਆਰ ਸਿੰਘ ਮੱਲਾ ਸਮੇਤ ਇਲਾਕੇ ਦੇ ਕਿਸਾਨਾਂ ਨੇ ਮਾਹਿਰਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਖੇਤੀਬਾੜੀ ਸਬੰਧੀ ਆਪਣੀਆਂ ਸਮੱਸਿਆਵਾਂ ਅਤੇ ਤਜਰਬੇ ਵੀ ਸਾਂਝੇ ਕੀਤੇ। ਕੈਂਪ ਦੌਰਾਨ ਸਟੇਜ ਸੰਚਾਲਨ ਡਾ. ਯਾਦਵਿੰਦਰ ਸਿੰਘ ਬੀ.ਟੀ.ਐਮ. ਵੱਲੋਂ ਕੀਤਾ ਗਿਆ।

ਇਸ ਮੌਕੇ ਬਲਾਕ ਖੇਤੀਬਾੜੀ ਅਫਸਰ ਡਾ. ਭੁਪਿੰਦਰ ਸਿੰਘ ਨੇ ਪਰਾਲੀ ਪ੍ਰਬੰਧਨ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਅਗਾਂਹਵਧੂ ਕਿਸਾਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਦੱਸਿਆ ਕਿ ਸਰਕਲ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਸਿਫ਼ਾਰਸ਼ 'ਤੇ ਅਜਿਹੇ ਕਿਸਾਨਾਂ ਨੂੰ ਸਨਮਾਨਿਤ ਕੀਤਾ ਗਿਆ ਹੈ, ਜੋ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਬਜਾਏ ਆਧੁਨਿਕ ਖੇਤੀ ਮਸ਼ੀਨਰੀ ਦੀ ਮਦਦ ਨਾਲ ਇਸ ਦਾ ਸੁਚੱਜਾ ਪ੍ਰਬੰਧਨ ਕਰ ਰਹੇ ਹਨ। ਉਨ੍ਹਾਂ ਕਿਸਾਨਾਂ ਨੂੰ ਭਵਿੱਖ ਵਿੱਚ ਵੀ ਵਾਤਾਵਰਨ ਪੱਖੀ ਖੇਤੀ ਤਕਨੀਕਾਂ ਅਪਣਾਉਣ ਅਤੇ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ।

— Parkash singh

ਐਸ.ਐਸ.ਪੀ. ਤਰਨ ਤਾਰਨ ਵੱਲੋਂ ਡੀ.ਪੀ.ਓ. ਦੀਆਂ ਵੱਖ-ਵੱਖ ਬ੍ਰਾਂਚਾਂ ਦੀ ਅਚਨਚੇਤ ਚੈਕਿੰਗ



ਤਰਨ ਤਾਰਨ 27 ਨਵੰਬਰ (ਪ੍ਰਕਾਸ਼ ਸਿੰਘ ਜੌਹਲ)

ਐਸ.ਐਸ.ਪੀ. ਤਰਨ ਤਾਰਨ ਵੱਲੋਂ ਜ਼ਿਲ੍ਹਾ ਪੁਲਿਸ ਦਫ਼ਤਰ (ਡੀ.ਪੀ.ਓ.) ਦੀਆਂ ਵੱਖ-ਵੱਖ ਬ੍ਰਾਂਚਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਦੌਰਾਨ ਬ੍ਰਾਂਚਾਂ ਦੇ ਕੰਮਕਾਜ, ਸਰਕਾਰੀ ਰਿਕਾਰਡ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਸਬੰਧੀ ਸਮੀਖਿਆ ਕੀਤੀ ਗਈ।

ਉਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਦਫ਼ਤਰੀ ਕੰਮਕਾਜ ਵਿੱਚ ਪਾਰਦਰਸ਼ਤਾ, ਅਨੁਸ਼ਾਸਨ ਅਤੇ ਸਮੇਂ ਸਿਰ ਕੰਮ ਦਾ ਨਿਪਟਾਰਾ ਯਕੀਨੀ ਬਣਾਇਆ ਜਾਵੇ ਅਤੇ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਈ ਜਾਵੇ।

ਤਰਨ ਤਾਰਨ ਪੁਲਿਸ ਬਿਹਤਰ ਅਤੇ ਜਵਾਬਦੇਹ ਪੁਲਿਸ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।

— Parkash singh

ਬਲੈਂਕਟ ਬੰਦ ਦੀ ਘਟਨਾ



ਬਲੈਂਕਟ ਬੰਦ ਦੀ ਘਟਨਾ ਹੋਈ।

ਬਲੈਂਕਟ ਬੰਦ ਦੀ ਘਟਨਾ ਹੋਈ।

ਬਲੈਂਕਟ ਬੰਦ ਦੀ ਘਟਨਾ ਹੋਈ।

— Rajesh Sharma

ਤੇਜ਼ ਰਫ਼ਤਾਰ ਜ਼ਿੰਦਗੀ ’ਚ ਤੰਦਰੁਸਤ ਰਹਿਣ ਲਈ ਯੋਗ ਅਭਿਆਸ ਜ਼ਰੂਰੀ: ਡੀ.ਸੀ. ਰਾਜੇਸ਼ ਧੀਮਾਨ



ਬਠਿੰਡਾ ਜ਼ਿਲ੍ਹੇ ਵਿੱਚ 59 ਟ੍ਰੇਨਰਾਂ ਵੱਲੋਂ ਸਵੇਰੇ-ਸ਼ਾਮ ਲਗਾਈਆਂ ਜਾ ਰਹੀਆਂ ਹਨ ਯੋਗ ਕਲਾਸਾਂ

ਬਠਿੰਡਾ, 27 ਨਵੰਬਰ (ਜੀਵਨ ਬਾਂਸਲ): ਅੱਜ ਦੀ ਵਿਅਸਤ ਅਤੇ ਤੇਜ਼ ਰਫ਼ਤਾਰ ਜ਼ਿੰਦਗੀ ਵਿੱਚ ਸਰੀਰ ਨੂੰ ਤੰਦਰੁਸਤ, ਮਾਨਸਿਕ ਤੌਰ ’ਤੇ ਮਜ਼ਬੂਤ ਅਤੇ ਨਿਰੋਗ ਰੱਖਣ ਲਈ ਸੰਤੁਲਿਤ ਭੋਜਨ ਦੇ ਨਾਲ-ਨਾਲ ਯੋਗ ਅਭਿਆਸ ਕਰਨਾ ਵੀ ਬਹੁਤ ਜ਼ਰੂਰੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ‘ਸੀ.ਐਮ. ਦੀ ਯੋਗਸ਼ਾਲਾ’ ਤਹਿਤ ਜ਼ਿਲ੍ਹੇ ਭਰ ਵਿੱਚ ਚੱਲ ਰਹੀਆਂ ਯੋਗ ਕਲਾਸਾਂ ਸਬੰਧੀ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਵਿੱਚ ਕੁੱਲ 59 ਯੋਗ ਟ੍ਰੇਨਰਾਂ ਵੱਲੋਂ ਜ਼ਿਲ੍ਹਾ ਅਤੇ ਬਲਾਕ ਪੱਧਰ ’ਤੇ ਕਲਾਸਾਂ ਚਲਾਈਆਂ ਜਾ ਰਹੀਆਂ ਹਨ। ਸਵੇਰੇ ਅਤੇ ਸ਼ਾਮ ਲੱਗਣ ਵਾਲੀਆਂ ਇਨ੍ਹਾਂ ਕਲਾਸਾਂ ਵਿੱਚ ਲੋਕ ਉਤਸ਼ਾਹ ਨਾਲ ਭਾਗ ਲੈ ਰਹੇ ਹਨ ਅਤੇ ਯੋਗ ਨੂੰ ਆਪਣੀ ਰੋਜ਼ਾਨਾ ਜੀਵਨ ਸ਼ੈਲੀ ਦਾ ਹਿੱਸਾ ਬਣਾ ਰਹੇ ਹਨ।

ਇਸ ਮੌਕੇ ਸੀ.ਐਮ. ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਰਡੀਨੇਟਰ ਮੈਡਮ ਮਲਕੀਤ ਕੌਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮੁਹੱਲੇ ਵਿੱਚ ਯੋਗ ਕਲਾਸ ਸ਼ੁਰੂ ਕਰਵਾਉਣ ਲਈ ਅੱਗੇ ਆਉਣ। ਇਸ ਲਈ ਘੱਟੋ-ਘੱਟ 25 ਮੈਂਬਰਾਂ ਦੀ ਰਜਿਸਟ੍ਰੇਸ਼ਨ ਹੋਣੀ ਲਾਜ਼ਮੀ ਹੈ।

— Jiwan kumar, Bathinda

LOCAL

ਮੋਗਾ ਰੈਲੀ ਬੱਸ ਖਾਲੀ, ਸਾਂਸਦ ਨੇ ਫੋਟੋ ਲੈਣ ਤੋਂ ਮਨ੍ਹਾ ਕੀਤਾ



ਮੋਗਾ ਵਿੱਚ ਹੋ ਰਹੀ ਰੈਲੀ ਦੀ ਬੱਸ ਖਾਲੀ ਹੋਣ ਕਾਰਨ, ਸਾਂਸਦ ਰਾਜ ਕੁਮਾਰ ਚੱਬੇਵਾਲ ਨੇ ਬੱਸ ਵਿੱਚ ਫੋਟੋ ਲੈਣ ਤੋਂ ਮਨ੍ਹਾ ਕਰ ਦਿੱਤਾ।

ਹਲਕੇ ਇੰਚਾਰਜ਼ ਨੇ ਇਸ ਫੈਸਲੇ ਨੂੰ ਜ਼ਰੂਰੀ ਕਿਹਾ।

ਬੱਸ ਦੀ ਕੰਧ 'ਤੇ ਸਾਫ਼ ਲਿਖਿਆ ਹੋਇਆ ਹੈ ਕਿ ਗੁਰੂ ਦੋਖੀ ਭੰਡ ਦੀ ਸਰਕਾਰ ਪੰਜਾਬੀਆਂ ਦੇ ਮਨਾਂ 'ਚੋਂ ਉੱਤਰ ਚੁੱਕੀ ਹੈ।

— Amandeep Singh

ਬਾਲ ਵਿਆਹ ਵਰਗੀ ਸਮਾਜਿਕ ਬੁਰਾਈ ਨੂੰ ਖ਼ਤਮ ਕਰਨ ਲਈ ਸਾਰਿਆਂ ਨੂੰ ਅੱਗੇ ਆਉਣਾ ਚਾਹੀਦਾ ਹੈ: ਐਸ.ਡੀ.ਐਮ. ਮਾਵੀ



ਵਿਦਿਆਰਥਣਾਂ ਨੂੰ ਬਾਲ ਵਿਆਹ ਰੋਕੂ ਕਾਨੂੰਨ ਅਤੇ ਚਾਈਲਡ ਹੈਲਪਲਾਈਨ 1098 ਬਾਰੇ ਕੀਤਾ ਜਾਗਰੂਕ

ਬਠਿੰਡਾ, 27 ਨਵੰਬਰ (ਜੀਵਨ ਬਾਂਸਲ): ਭਾਰਤ ਸਰਕਾਰ ਦੀ ਮੁਹਿੰਮ ‘ਬਾਲ ਵਿਆਹ ਮੁਕਤ ਭਾਰਤ’ ਤਹਿਤ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਬਠਿੰਡਾ ਵੱਲੋਂ ਸ਼ਹੀਦ ਮੇਜਰ ਰਵੀ ਇੰਦਰ ਸਿੰਘ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਖੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਕਰਵਾਏ ਗਏ ਇਸ ਪ੍ਰੋਗਰਾਮ ਦੌਰਾਨ ਵਿਦਿਆਰਥਣਾਂ ਨੂੰ ਬਾਲ ਵਿਆਹ ਰੋਕੂ ਕਾਨੂੰਨ ਅਤੇ ਇਸ ਦੇ ਬੱਚਿਆਂ ਦੇ ਜੀਵਨ, ਸਿੱਖਿਆ ਤੇ ਭਵਿੱਖ ’ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਐਸ.ਡੀ.ਐਮ. ਬਠਿੰਡਾ ਸ੍ਰੀ ਅਮਨਦੀਪ ਸਿੰਘ ਮਾਵੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਵਿਦਿਆਰਥਣਾਂ ਨੂੰ ਪ੍ਰੋਹਿਬਿਸ਼ਨ ਆਫ ਚਾਈਲਡ ਮੈਰਿਜ ਐਕਟ, 2006 ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਬਾਲ ਵਿਆਹ ਇੱਕ ਗੰਭੀਰ ਸਮਾਜਿਕ ਬੁਰਾਈ ਹੈ, ਜਿਸ ਨੂੰ ਖ਼ਤਮ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਵਿਦਿਆਰਥਣਾਂ ਨੂੰ ਪੜ੍ਹਾਈ ਵੱਲ ਵਿਸ਼ੇਸ਼ ਧਿਆਨ ਦੇਣ, ਉੱਚੇ ਟੀਚੇ ਮਿੱਥਣ ਅਤੇ ਆਪਣਾ ਭਵਿੱਖ ਉੱਜਵਲ ਬਣਾਉਣ ਲਈ ਪ੍ਰੇਰਿਤ ਕੀਤਾ।

ਇਸ ਦੌਰਾਨ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਬਠਿੰਡਾ ਸ੍ਰੀਮਤੀ ਊਸ਼ਾ ਰਾਣੀ ਨੇ ਵਿਦਿਆਰਥਣਾਂ ਨੂੰ ਬਾਲ ਵਿਆਹ ਵਿਰੁੱਧ ਸਹੁੰ ਚੁਕਵਾਈ। ਉਨ੍ਹਾਂ ਕਿਹਾ ਕਿ ਬਾਲ ਵਿਆਹ ਬੱਚਿਆਂ ਦੇ ਬਚਪਨ, ਸਿੱਖਿਆ, ਸਿਹਤ ਅਤੇ ਸੁਨਹਿਰੇ ਭਵਿੱਖ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਦਾ ਹੈ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਬਾਲ ਵਿਆਹ ਵਰਗੀ ਸਮਾਜਿਕ ਕੁਰੀਤੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਜਾਗਰੂਕ ਹੋਣ ਅਤੇ ਇਸ ਦੀ ਰੋਕਥਾਮ ਲਈ ਪ੍ਰਸ਼ਾਸਨ ਦਾ ਸਹਿਯੋਗ ਕਰਨ। ਜੇਕਰ ਕਿਸੇ ਦੇ ਧਿਆਨ ਵਿੱਚ ਬਾਲ ਵਿਆਹ ਦਾ ਮਾਮਲਾ ਆਉਂਦਾ ਹੈ ਤਾਂ ਇਸ ਦੀ ਸੂਚਨਾ ਤੁਰੰਤ ਚਾਈਲਡ ਹੈਲਪਲਾਈਨ ਨੰਬਰ 1098 ’ਤੇ ਦਿੱਤੀ ਜਾ ਸਕਦੀ ਹੈ।

— Jiwan kumar, Bathinda



ਤਰਨ ਤਾਰਨ : 27 ਨਵੰਬਰ (ਪ੍ਰਕਾਸ਼ ਸਿੰਘ ਜੌਹਲ)

ਮੈਂ ਪ੍ਰਕਾਸ਼ ਸਿੰਘ ਨੀਉਜ ਰਿਪੋਰਟਰ ਤਰਨ ਤਾਰਨ ਆਪ ਸਭ ਨੂੰ ਬੇਨਤੀ ਕਰਦਾ ਹਾਂ ਕਿ ਭਾਰਤ ਸਰਕਾਰ ਵੱਲੋਂ ਜਨਗਣਨਾ 2027 ਦਾ ਦੂਜਾ ਪੜਾਅ 1 ਦਸੰਬਰ 2026 ਤੋਂ ਸ਼ੁਰੂ ਹੋ ਰਿਹਾ ਹੈ ਜਿਸ ਦੇ ਅਧੀਨ 16 ਨਵੰਬਰ 2026 ਤੋਂ 30 ਨਵੰਬਰ 2026 ਤੱਕ ਅਸੀਂ ਆਪਣੇ ਪ੍ਰਵਾਰ ਦੀ ਸਵੈ ਗਣਨਾ ਆਪਣੇ ਮੋਬਾਇਲ ਤੇ ਆਪ ਕਰ ਸਕਦੇ ਹਾਂ ਕਿਰਪਾ ਕਰ ਕੇ ਤੁਸੀਂ ਸਾਰੇ ਵੱਧ ਤੋਂ ਵੱਧ ਆਪਣੇ ਪਰਿਵਾਰ ਦੀ ਸਵੈ ਗਣਨਾ 30 ਨਵੰਬਰ ਤੱਕ ਪੂਰੀ ਕਰੋ ਅਤੇ ਆਪਣੇ ਦੇਸ਼ ਦੀ ਤਰੱਕੀ ਤੇ ਖੁਸ਼ਹਾਲੀ ਵਿੱਚ ਆਪਣਾ ਯੋਗਦਾਨ ਜ਼ਰੂਰ ਪਾਓ ।

ਜਦੋਂ ਤੁਸੀਂ ਆਪਣੇ ਫ਼ੋਨ ਤੇ ਸਵੈ ਗਣਨਾ ਪੂਰੀ ਕਰ ਲਵੋਗੇ ਤਾਂ ਤੁਹਾਨੂੰ ਇੱਕ ਮੈਸ਼ਜ ਆਵੇਗਾ ਜਿਸ ਨੂੰ ਸੰਭਾਲ ਕੇ ਰੱਖਣਾ ਹੋਵੇਗਾ । ਜਦੋਂ 1 ਦਸੰਬਰ ਨੂੰ ਜਾ ਉਸ ਤੋਂ ਬਾਅਦ ਜਨਗਣਨਾ ਅਧਕਾਰੀ ਜਦੋਂ ਤੁਹਾਡੇ ਅਰ ਆਉਣਗੇ ਤਾਂ ਉਹ ਮੈਸ਼ਜ ਉਨ੍ਹਾਂ ਨੂੰ ਦਿਖਾ ਦੇਣਾ ।

ਧੰਨਵਾਦ

— Parkash singh

BUSINESS

ਪੰਜਾਬ ਪੈਵਿਲੀਅਨ ਨੂੰ ਇੰਡੀਆ ਇੰਟਰਨੈਸ਼ਨਲ ਟਰੇਡ ਫੇਅਰ 2026 ਵਿੱਚ ਥੀਮੈਟਿਕ ਪੇਸ਼ਕਾਰੀ ਲਈ ਗੋਲਡ ਮੈਡਲ



ਪੰਜਾਬ ਪੈਵਿਲੀਅਨ ਨੂੰ ਇੰਡੀਆ ਇੰਟਰਨੈਸ਼ਨਲ ਟਰੇਡ ਫੇਅਰ 2026 ਵਿੱਚ ਥੀਮੈਟਿਕ ਪੇਸ਼ਕਾਰੀ ਲਈ ਗੋਲਡ ਮੈਡਲ

ਚੰਡੀਗੜ੍ਹ, 27 ਨਵੰਬਰ: ਪੰਜਾਬ ਨੇ ਭਾਰਤ ਮੰਡਪਮ, ਨਵੀਂ ਦਿੱਲੀ ਵਿਖੇ 13 ਤੋਂ 27 ਨਵੰਬਰ ਤੱਕ ਆਯੋਜਿਤ 45ਵੇਂ ਇੰਡੀਆ ਇੰਟਰਨੈਸ਼ਨਲ ਟਰੇਡ ਫੇਅਰ (IITF) 2026 ਵਿੱਚ ਸਾਰੇ ਰਾਜਾਂ ਵਿੱਚੋਂ ਸਰਵੋਤਮ ਥੀਮੈਟਿਕ ਪੇਸ਼ਕਾਰੀ ਲਈ ਗੋਲਡ ਮੈਡਲ ਹਾਸਲ ਕੀਤਾ ਹੈ।

ਡਾ. ਬਸੰਤ ਗਰਗ, IAS, ਪ੍ਰਸ਼ਾਸਕੀ ਸਕੱਤਰ, ਉਦਯੋਗ, ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਨੇ ਕਿਹਾ ਕਿ ਇਹ ਪ੍ਰਾਪਤੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਅਗਵਾਈ ਅਤੇ ਕੈਬਨਿਟ ਮੰਤਰੀ ਸ. ਅਮਨ ਅਰੋ